**ਰਾਗੁ ਮਾਰੂ ਬਾਣੀ ਕਬੀਰ ਜੀਉ ਕੀ ੴ ਸਤਿਗੁਰ ਪ੍ਰਸਾਦਿ ॥ ਪਡੀਆ ਕਵਨ ਕੁਮਤਿ ਤੁਮ ਲਾਗੇ ॥ ਬੂਡਹੁਗੇ ਪਰਵਾਰ ਸਕਲ ਸਿਉ ਰਾਮੁ ਨ ਜਪਹੁ ਅਭਾਗੇ ॥੧॥ ਰਹਾਉ ॥ ਬੇਦ ਪੁਰਾਨ ਪੜੇ ਕਾ ਕਿਆ ਗੁਨੁ ਖਰ ਚੰਦਨ ਜਸ ਭਾਰਾ ॥ ਰਾਮ ਨਾਮ ਕੀ ਗਤਿ ਨਹੀ ਜਾਨੀ ਕੈਸੇ ਉਤਰਸਿ ਪਾਰਾ ॥੧॥ ਜੀਅ ਬਧਹੁ ਸੁ ਧਰਮੁ ਕਰਿ ਥਾਪਹੁ ਅਧਰਮੁ ਕਹਹੁ ਕਤ ਭਾਈ ॥ ਆਪਸ ਕਉ ਮੁਨਿਵਰ ਕਰਿ ਥਾਪਹੁ ਕਾ ਕਉ ਕਹਹੁ ਕਸਾਈ ॥੨॥ ਮਨ ਕੇ ਅੰਧੇ ਆਪਿ ਨ ਬੂਝਹੁ ਕਾਹਿ ਬੁਝਾਵਹੁ ਭਾਈ ॥ ਮਾਇਆ ਕਾਰਨ ਬਿਦਿਆ ਬੇਚਹੁ ਜਨਮੁ ਅਬਿਰਥਾ ਜਾਈ ॥੩॥ ਨਾਰਦ ਬਚਨ ਬਿਆਸੁ ਕਹਤ ਹੈ ਸੁਕ ਕਉ ਪੂਛਹੁ ਜਾਈ ॥ ਕਹਿ ਕਬੀਰ ਰਾਮੈ ਰਮਿ ਛੂਟਹੁ ਨਾਹਿ ਤ ਬੂਡੇ ਭਾਈ ॥੪॥੧॥ {ਪੰਨਾ 1102-1103}**

ਪਦਅਰਥ:- ਪਡੀਆ—ਹੇ ਪਾਂਡੇ! ਸਿਉ—ਸਮੇਤ। ਅਭਾਗੇ—ਹੇ ਮੰਦ ਭਾਗੀ!।1। ਰਹਾਉ।

ਗੁਨੁ—ਲਾਭ, ਫ਼ਾਇਦਾ। ਖਰ—ਖੋਤਾ, ਖ਼ਰ। ਜਸ—ਜੈਸੇ, ਜਿਵੇਂ। ਭਾਰਾ—ਭਾਰ, ਬੋਝ, ਲੱਦਾ। ਗਤਿ—ਹਾਲਤ, ਅਵਸਥਾ। ਨਾਮ ਕੀ ਗਤਿ—ਨਾਮ ਜਪਣ ਦੀ ਅਵਸਥਾ, ਨਾਮ ਜਪਿਆਂ ਜੋ ਆਤਮਕ ਅਵਸਥਾ ਬਣਦੀ ਹੈ।1।

ਬਧਹੁ—ਮਾਰਦੇ ਹੋ (ਜੱਗਾਂ ਦੇ ਵੇਲੇ)। ਥਾਪਹੁ—ਮਿਥ ਲੈਂਦੇ ਹੋ। ਅਧਰਮੁ—ਪਾਪ। ਭਾਈ—ਹੇ ਭਾਈ! ਮੁਨਿਵਰ—ਸ੍ਰੇਸ਼ਟ ਮੁਨੀ। ਕਾ ਕਉ—ਕਿਸ ਨੂੰ? ਕਸਾਈ—ਜੋ ਮਨੁੱਖ ਬੱਕਰੇ ਆਦਿਕ ਮਾਰ ਕੇ ਉਹਨਾਂ ਦਾ ਮਾਸ ਵੇਚ ਕੇ ਗੁਜ਼ਾਰਾ ਕਰਦੇ ਹਨ।2।

ਕਾਹਿ—ਹੋਰ ਕਿਸ ਨੂੰ? ਬੁਝਾਵਹੁ—ਸਮਝਾਉਂਦੇ ਹੋ। ਅਬਿਰਥਾ—ਵਿਅਰਥ।3।

ਨਾਰਦ, ਬਿਆਸ, ਸੁਕ—ਪੁਰਾਣੇ ਹਿੰਦੂ ਵਿਦਵਾਨ ਰਿਸ਼ੀਆਂ ਦੇ ਨਾਮ ਹਨ (ਨੋਟ:- ਕਬੀਰ ਜੀ ਕਿਸੇ ਪੰਡਿਤ ਨੂੰ ਉਸ ਦਾ ਭੁਲੇਖਾ ਸਮਝਾ ਰਹੇ ਹਨ, ਇਸ ਵਾਸਤੇ ਉਹਨਾਂ ਦੇ ਹੀ ਰਿਸ਼ੀਆਂ ਦਾ ਹਵਾਲਾ ਦੇਂਦੇ ਹਨ)। ਜਾਇ—ਜਾ ਕੇ। ਰਮਿ—ਸਿਮਰ ਕੇ। ਬੂਡੇ—ਡੁੱਬੇ ਸਮਝੋ।4।

ਅਰਥ:- ਹੇ ਪੰਡਿਤ! ਤੁਸੀ ਲੋਕ ਕਿਹੜੀ ਕੁਮੱਤੇ ਲੱਗੇ ਪਏ ਹੋ? ਹੇ ਮੰਦ-ਭਾਗੀ ਪਾਂਡੇ! ਤੁਸੀ ਪ੍ਰਭੂ ਦਾ ਨਾਮ ਨਹੀਂ ਸਿਮਰਦੇ, ਸਾਰੇ ਪਰਵਾਰ ਸਮੇਤ ਹੀ (ਸੰਸਾਰ-ਸਮੁੰਦਰ ਵਿਚ) ਡੁੱਬ ਜਾਉਗੇ।1। ਰਹਾਉ।

(ਹੇ ਪਾਂਡੇ!) ਤੂੰ (ਸੰਸਾਰ-ਸਮੁੰਦਰ ਤੋਂ) ਕਿਵੇਂ ਪਾਰ ਲੰਘੇਂਗਾ? ਇਹ ਤਾਂ ਤੈਨੂੰ ਸਮਝ ਹੀ ਨਹੀਂ ਪਈ ਕਿ ਪਰਮਾਤਮਾ ਦਾ ਨਾਮ ਸਿਮਰਿਆਂ ਕਿਹੋ ਜਿਹੀ ਆਤਮਕ ਅਵਸਥਾ ਬਣਦੀ ਹੈ। (ਤੂੰ ਮਾਣ ਕਰਦਾ ਹੈਂ ਕਿ

ਤੂੰ ਵੇਦ ਆਦਿਕ ਧਰਮ-ਪੁਸਤਕਾਂ ਪੜ੍ਹਿਆ ਹੋਇਆ ਹੈਂ, ਪਰ) ਵੇਦ ਪੁਰਾਨ ਪੜ੍ਹਨ ਦਾ ਕੋਈ ਭੀ ਲਾਭ ਨਹੀਂ (ਜੇ ਨਾਮ ਤੋਂ ਸੁੰਞਾ ਰਿਹਾ; ਇਹ ਤਾਂ ਦਿਮਾਗ਼ ਉੱਤੇ ਭਾਰ ਹੀ ਲੱਦ ਲਿਆ), ਜਿਵੇਂ ਕਿਸੇ ਖੋਤੇ ਉੱਤੇ ਚੰਦਨ ਦਾ ਲੱਦਾ ਲੱਦ ਲਿਆ।1।

(ਹੇ ਪਾਂਡੇ! ਇਕ ਪਾਸੇ ਤੁਸੀ ਮਾਸ ਖਾਣ ਨੂੰ ਨਿੰਦਦੇ ਹੋ; ਪਰ ਜੱਗ ਕਰਨ ਵੇਲੇ ਤੁਸੀ ਭੀ) ਜੀਵ ਮਾਰਦੇ ਹੋ (ਕੁਰਬਾਨੀ ਦੇਣ ਲਈ, ਤੇ) ਇਸ ਨੂੰ ਧਰਮ ਦਾ ਕੰਮ ਸਮਝਦੇ ਹੋ। ਫਿਰ, ਹੇ ਭਾਈ! ਦੱਸੋ, ਪਾਪ ਕਿਹੜਾ ਹੈ? (ਜੱਗ ਕਰਨ ਵੇਲੇ ਤੁਸੀ ਆਪ ਭੀ ਜੀਵ-ਹਿੰਸਾ ਕਰਦੇ ਹੋ, ਪਰ) ਆਪਣੇ ਆਪ ਨੂੰ ਤੁਸੀ ਸ੍ਰੇਸ਼ਟ ਰਿਸ਼ੀ ਮਿਥਦੇ ਹੋ। (ਜੇ ਜੀਵ ਮਾਰਨ ਵਾਲੇ ਲੋਕ ਰਿਸ਼ੀ ਹੋ ਸਕਦੇ ਹਨ,) ਤਾਂ ਤੁਸੀ ਕਸਾਈ ਕਿਸ ਨੂੰ ਆਖਦੇ ਹੋ? (ਤੁਸੀ ਉਹਨਾਂ ਲੋਕਾਂ ਨੂੰ ਕਸਾਈ ਕਿਉਂ ਆਖਦੇ ਹੋ ਜੋ ਮਾਸ ਵੇਚਦੇ ਹਨ?।2।

ਹੇ ਅਗਿਆਨੀ ਪਾਂਡੇ! ਤੁਹਾਨੂੰ ਆਪ ਨੂੰ (ਜੀਵਨ ਦੇ ਸਹੀ ਰਸਤੇ ਦੀ) ਸਮਝ ਨਹੀਂ ਆਈ, ਹੇ ਭਾਈ! ਹੋਰ ਕਿਸ ਨੂੰ ਮੱਤਾਂ ਦੇਹ ਰਹੇ ਹੋ? (ਇਸ ਪੜ੍ਹੀ ਹੋਈ ਵਿੱਦਿਆ ਤੋਂ ਤੁਸੀ ਆਪ ਕੋਈ ਲਾਭ ਨਹੀਂ ਉਠਾ ਰਹੇ, ਇਸ) ਵਿੱਦਿਆ ਨੂੰ ਸਿਰਫ਼ ਮਾਇਆ ਦੀ ਖ਼ਾਤਰ ਵੇਚ ਹੀ ਰਹੇ ਹੋ, ਇਸ ਤਰ੍ਹਾਂ ਤੁਹਾਡੀ ਜ਼ਿੰਦਗੀ ਵਿਅਰਥ ਗੁਜ਼ਰ ਰਹੀ ਹੈ।3।

ਕਬੀਰ ਆਖਦਾ ਹੈ—ਹੇ ਭਾਈ! (ਦੁਨੀਆ ਦੇ ਬੰਧਨਾਂ ਤੋਂ) ਪ੍ਰਭੂ ਦਾ ਨਾਮ ਸਿਮਰ ਕੇ ਹੀ ਮੁਕਤ ਹੋ ਸਕਦੇ ਹੋ, ਨਹੀਂ ਤਾਂ ਆਪਣੇ ਆਪ ਨੂੰ ਡੁੱਬੇ ਸਮਝੋ। (ਜੇ ਮੇਰੀ ਇਸ ਗੱਲ ਉੱਤੇ ਯਕੀਨ ਨਹੀਂ ਆਉਂਦਾ, ਤਾਂ ਆਪਣੇ ਹੀ ਪੁਰਾਣੇ ਰਿਸ਼ੀਆਂ ਦੇ ਬਚਨ ਪੜ੍ਹ ਸੁਣ ਵੇਖੋ) ਨਾਰਦ ਰਿਸ਼ੀ ਦੇ ਇਹੀ ਬਚਨ ਹਨ, ਵਿਆਸ ਇਹੀ ਗੱਲ ਆਖਦਾ ਹੈ; ਸੁਕਦੇਵ ਨੂੰ ਵੀ ਜਾ ਕੇ ਪੁੱਛ ਲਵੋ (ਭਾਵ, ਸੁਕਦੇਵ ਦੇ ਬਚਨ ਪੜ੍ਹ ਕੇ ਭੀ ਵੇਖ ਲਵੋ, ਉਹ ਭੀ ਇਹੀ ਆਖਦਾ ਹੈ ਕਿ ਨਾਮ ਸਿਮਰਿਆਂ ਪਾਰ-ਉਤਾਰਾ ਹੁੰਦਾ ਹੈ)।4।1।

ਸ਼ਬਦ ਦਾ ਭਾਵ:- ਧਾਰਮਿਕ ਪੁਸਤਕਾਂ ਦੇ ਨਿਰੇ ਪਾਠ ਦਾ ਕੋਈ ਲਾਭ ਨਹੀਂ, ਜੇ ਜੀਵਨ ਵਿਚ ਪਲਟਾ ਨਹੀਂ ਆਇਆ।